# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ




## ਸਰੀ ਸਿਟੀ ਕੌਂਸਲ ਚੋਣਾਂ: ਸਮਾਜ ਸੇਵਿਕਾ ਮੀਰਾ ਗਿੱਲ ਨੇ ਸਰੀ ਸਿਟੀ ਕੌਂਸਲ ਦੀ ਚੋਣ ਲੜਨ ਦਾ ਕੀਤਾ ਐਲਾਨ

ਵਰਲਡ ਪੰਜਾਬੀ ਟਾਈਮਜ਼
ਹਰਦਮ ਮਾਨ




ਸਰੀ, 25 ਜੁਲਾਈ : ਸਰੀ ਦੀ ਪ੍ਰਸਿੱਧ ਸਮਾਜ ਸੇਵਿਕਾ ਅਤੇ ਲੰਬੇ ਸਮੇਂ ਤੋਂ ਸਮਾਜਿਕ ਅਤੇ ਸਭਿਆਚਾਰਕ ਸਰਗਰਮੀਆਂ ਵਿਚ ਅਹਿਮ ਭੂਮਿਕਾ ਨਿਭਾਅ ਰਹੀ ਮੀਰਾ ਗਿੱਲ ਨੇ ਸੇਫ ਸਰੀ ਕੋਲੀਸ਼ਨ ਵੱਲੋਂ ਸਰੀ ਸਿਟੀ ਕੌਂਸਲ ਦੀ ਚੋਣ ਲੜਨ ਦਾ ਐਲਾਨ ਕੀਤਾ ਹੈ। ਕਰੀਬ 30 ਸਾਲਾਂ ਦੀ ਜਨ ਸੇਵਾ ਅਤੇ ਤਿੰਨ ਦਹਾਕਿਆਂ ਤੋਂ ਵੱਧ ਸਮੇਂ ਦੀ ਵਲੰਟੀਅਰ ਸੇਵਾ ਨਾਲ ਜੁੜੀ ਮੀਰਾ ਗਿੱਲ ਨੇ ਕਿਹਾ ਕਿ ਉਹ ਸਰੀ ਦੇ ਲੋਕਾਂ ਲਈ ਜਵਾਬਦੇਹ, ਪਾਰਦਰਸ਼ੀ ਅਤੇ ਪ੍ਰਭਾਵਸ਼ਾਲੀ ਲੀਡਰਸ਼ਿਪ ਦੇਣ ਲਈ ਚੋਣ ਮੈਦਾਨ ਵਿੱਚ ਉਤਰੀ ਹੈ।

ਮੀਰਾ ਗਿੱਲ ਆਵਰ ਗਲੋਬਲ ਵਿਲੇਜ ਚੈਰਿਟੇਬਲ ਫਾਊਂਡੇਸ਼ਨ ਦੀ ਸੰਸਥਾਪਕ ਪ੍ਰਧਾਨ ਹਨ। ਉਨ੍ਹਾਂ ਦੀ ਅਗਵਾਈ ਹੇਠ ਸੰਸਥਾ ਨੇ ਬਜ਼ੁਰਗਾਂ, ਬੱਚਿਆਂ, ਨੌਜਵਾਨਾਂ, ਔਰਤਾਂ ਅਤੇ ਹੋਰ ਲੋੜਵੰਦ ਵਰਗਾਂ ਦੀ ਭਲਾਈ ਲਈ ਅਨੇਕਾਂ ਸਮਾਜਿਕ ਅਤੇ ਸੇਵਾ ਪ੍ਰੋਗਰਾਮ ਚਲਾਏ ਹਨ। ਮੀਰਾ ਗਿੱਲ ਨੇ ਕਿਹਾ ਕਿ ਸ਼ਹਿਰ ਦੇ ਵਿਕਾਸ ਲਈ ਉਨ੍ਹਾਂ ਦਾ ਮੁੱਖ ਫੋਕਸ ਅਫੋਰਡੇਬਿਲਟੀ (ਰਹਿਣ-ਸਹਿਣ ਦੀ ਸਮਰੱਥਾ), ਸੁਰੱਖਿਆ ਅਤੇ ਬੁਨਿਆਦੀ ਢਾਂਚੇ 'ਤੇ ਰਹੇਗਾ। ਉਨ੍ਹਾਂ ਕਿਹਾ ਕਿ ਸਰੀ ਵਰਗੇ ਤੇਜ਼ੀ ਨਾਲ ਵਧ ਰਹੇ ਸ਼ਹਿਰ ਨੂੰ ਦੂਰਅੰਦੇਸ਼ੀ ਵਾਲੀ ਲੀਡਰਸ਼ਿਪ ਦੀ ਲੋੜ ਹੈ, ਜੋ ਭਵਿੱਖ ਦੀਆਂ ਲੋੜਾਂ ਨੂੰ ਸਮਝਦਿਆਂ ਯੋਜਨਾਬੱਧ ਢੰਗ ਨਾਲ ਕੰਮ ਕਰੇ।

ਮੀਰਾ ਗਿੱਲ ਨੇ ਦੱਸਿਆ ਕਿ ਚੋਣ ਲੜਨ ਦੇ ਐਲਾਨ ਤੋਂ ਬਾਅਦ ਉਨ੍ਹਾਂ ਨੂੰ ਵੱਡੀ ਗਿਣਤੀ ਵਿੱਚ ਲੋਕਾਂ ਦਾ ਸਮਰਥਨ ਅਤੇ ਹੌਸਲਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਉਹ ਹਮੇਸ਼ਾ ਹੱਕ ਅਤੇ ਸੱਚ ਦੀ ਆਵਾਜ਼ ਉਠਾਉਂਦੇ ਰਹੇ ਹਨ ਅਤੇ ਅੱਗੇ ਵੀ ਸਿਟੀ ਦੇ ਲੋਕਾਂ ਦੇ ਹਿੱਤਾਂ ਲਈ ਨਿਡਰ ਹੋ ਕੇ ਕੰਮ ਕਰਦੇ ਰਹਿਣਗੇ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਸ਼ਾਮਿਲ ਬਾਣੀਕਾਰਾਂ ਬਾਰੇ ਪੁਸਤਕਾਂ ਡਾ. ਸ ਪ ਸਿੰਘ ਤੇ ਪਰਵਾਸੀ ਲੇਖਕ ਗੁਰਬਚਨ ਸਿੰਘ ਨੂੰ ਕ ਕ ਬਾਵਾ ਤੇ ਗੁਰਭਜਨ ਗਿੱਲ ਵੱਲੋਂ ਭੇਂਟ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ: 25 ਜੁਲਾਈ : "ਆਦਿ ਗੁਰੂ ਗਰੰਥ ਸਾਹਿਬ ਸਰਬ ਸਾਂਝੀ ਗੁਰਬਾਣੀ" ਦਾ ਵਿਸ਼ਵ ਵਿਆਪੀ ਪਸਾਰ ਕਰਨ ਲਈ ਪੰਜਾਬੀ ਤੋਂ ਬਿਨਾਂ ਹੋਰ ਭਾਰਤੀ ਤੇ ਬਦੇਸ਼ੀ ਭਾਸ਼ਾਵਾਂ ਵਿੱਚ ਵੀ ਕਰਨ ਦੀ ਲੋੜ ਹੈ।

ਰਕਬਾ(ਲੁਧਿਆਣਾ) ਸਥਿਤ ਬਾਬਾ ਬੰਦਾ ਸਿੰਘ ਭਵਨ ਅੰਦਰ ਬਣੇ ਸ਼ਬਦ ਪ੍ਰਕਾਸ਼ ਅਜਾਇਬ ਘਰ ਵਿੱਚ ਸੁਭਾਇਮਾਨ ਸ੍ਰੀ ਗੁਰੂ ਗਰੰਥ ਸਾਹਿਬ ਵਿਚਲੇ ਬਾਣੀਕਾਰਾਂ ਦੇ ਚਿਤਰਾਂ ਸਮੇਤ ਉੱਘੇ ਸਿੱਖ ਚਿੰਤਕ ਡਾ. ਅਨੁਰਾਗ ਸਿੰਘ ਵੱਲੋਂ ਪੰਜਾਬੀ, ਹਿੰਦੀ ਤੇ ਅੰਗ੍ਰੇਜ਼ੀ ਵਿੱਚ ਲਿਖੀਆਂ ਦੋ ਸਚਿੱਤਰ ਪੁਸਤਕ "ਇਲਾਹੀ ਗਿਆਨ ਦਾ ਸਾਗਰ ਬਾਬਾ ਬੰਦਾ ਸਿੰਘ ਬਹਾਦਰ ਫਾਉਂਡੇਸ਼ਨ ਦੇ ਚੇਅਰਮੈਨ ਕ ਕ ਬਾਵਾ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਾਬਕਾ ਵਾਈਸ ਚਾਂਸਲਰ ਡਾ. ਸ ਪ ਸਿੰਘ ਅਤੇ ਸਿਡਨੀ (ਆਸਟ੍ਰੇਲੀਆ) ਵਾਸੀ ਲੇਖਕ ਗੁਰਬਚਨ ਸਿੰਘ ਜਗਪਾਲ ਨੂੰ ਭੇਂਟ ਕੀਤੀਆਂ।

ਇਸ ਮੌਕੇ ਪੁਸਤਕ ਬਾਰੇ ਜਾਣਕਾਰੀ ਦੇਂਦਿਆਂ ਬਾਬਾ ਬੰਦਾ ਸਿੰਘ ਬਹਾਦਰ ਫਾਉਂਡੇਸ਼ਨ ਦੇ ਸਰਪ੍ਰਸਤ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਅੰਗਰੇਜ਼ੀ, ਪੰਜਾਬੀ ਤੇ ਹਿੰਦੀ ਵਿੱਚ ਪ੍ਰਕਾਸ਼ਿਤ ਇਨ੍ਹਾ ਕਿਤਾਬਾਂ ਵਿੱਚ ਸਾਰੇ ਬਾਣੀਕਾਰਾਂ ਦੇ ਆਰ ਐੱਮ ਸਿੰਘ ਵੱਲੋਂ ਬਣਾਏ ਮੌਲਿਕ ਚਿਤਰ ਵੀ ਸ਼ਾਮਿਲ ਹਨ।

ਡਾ. ਸ ਪ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਗਰੰਥ ਸਾਹਿਬ ਵਿਚਲੇ ਬਾਣੀਕਾਰਾਂ ਦੀ ਬਾਣੀ ਦਾ ਅਸਲ ਸੰਦੇਸ਼ ਸਮੂਹ ਮਾਨਵਤਾ ਲਈ ਸਾਰਥਿਕ ਹੈ ਪਰ ਅਸੀਂ ਅਜੇ ਇਸ ਦੇ ਸੰਦੇਸ਼ ਪੂਰੇ ਸਿੱਖ ਜਗਤ ਵਿੱਚ ਵੀ ਨਹੀਂ ਪਸਾਰ ਸਕੇ। ਇਸ ਕਾਰਜ ਵਿੱਚ ਸਭ ਨੂੰ ਅੱਗੇ ਆਉਣ ਦੀ ਲੋੜ ਹੈ।

ਸ. ਗੁਰਬਚਨ ਸਿੰਘ ਜਗਪਾਲ ਨੇ ਕਿਹਾ ਕਿ ਮੇਰੇ ਲਈ ਮਾਣ ਵਾਲੀ ਗੱਲ ਹੈ ਕਿ ਮੇਰਾ ਪਿੰਡ ਬੋਪਾਰਾਏ ਹੈ ਤੇ ਇਸ ਦੇ ਗੁਆਂਢੀ ਪਿੰਡ ਰਕਬਾ ਪਿੰਡ ਵਿੱਚੋਂ ਹੀ ਮੈਂ ਕ ਕ ਬਾਵਾ ਦੇ ਵੱਡੇ ਵੀਰ ਭਗਵਾਨ ਦਾਸ ਬਾਵਾ ਨਾਸ ਦਸਵੀਂ ਪਾਸ ਕੀਤੀ ਸੀ। ਇੱਥੇ ਅਦੇਹੀ ਸ਼ਬਦ ਜੋਤ ਦਾ ਜਗਣਾ ਵੱਡੀ ਪ੍ਰਾਪਤੀ ਹੈ।

ਬਾਬਾ ਬੰਦਾ ਸਿੰਘ ਬਹਾਦਰ ਫਾਉਂਡੇਸ਼ਨ ਦੇ ਚੇਅਰਮੈਨ ਸ੍ਰੀ ਕ ਕ ਬਾਵਾ ਨੇ ਕਿਹਾ ਕਿ ਵਿਸ਼ਵ ਭਾਈਚਾਰੇ ਤੀਕ ਇਹ ਸੁਨੇਹਾ ਪਹੁੰਚਾਉਣਾ ਸਾਡੀ ਸਭ ਦੀ ਜ਼ੁੰਮੇਵਾਰੀ ਹੈ। ਇਹ ਕਾਰਜ ਬਦੇਸ਼ ਅਤੇ ਦੇਸ਼ ਵਿੱਚ ਵੱਸਦੇ ਪੰਜਾਬੀ ਸਮਾਜ ਦੇ ਸਭ ਵਰਗਾਂ ਨੂੰ ਰਲ਼ ਮਿਲ ਕਰਨੇ ਚਾਹੀਦੇ ਹਨ ਕਿਉਂਕਿ ਨਵੀਂ ਨੌਜੁਆਨ ਪੀੜ੍ਹੀ ਨੂੰ ਗੁਰਮਤਿ ਸਰੋਕਾਰ ਸਮਝਣੇ ਤੇ ਸਮਝਾਉਣੇ ਬਹੁਤ ਜ਼ਰੂਰੀ ਹਨ। ਪਿਛਲੇ ਸਾਲ ਮੈਂ ਅਮਰੀਕਾ ਤੇ ਕੈਨੇਡਾ ਦੇ 12 ਵੱਖ ਵੱਖ ਸ਼ਹਿਰਾਂ ਦੀਆਂ ਲਾਇਬਰੇਰੀਆਂ ਵਿੱਚ ਦੇ ਰੇ ਆਇਆ ਹਾਂ।

ਇਸ ਮੌਕੇ ਸ. ਹਰਸ਼ਰਨ ਸਿੰਘ ਨਰੂਲਾ ਆਨਰੇਰੀ ਜਨਰਲ ਸਕੱਤਰ ਕਾਲਿਜ ਪ੍ਰਬੰਧਕ ਕਮੇਟੀ ਤੇ ਮੈਂਬਰ ਹਰਦੀਪ ਸਿੰਘ ਵੀ ਹਾਜ਼ਰ ਸਨ।

## ਗੁਰੂ ਨਾਨਕ ਦੇਵ ਮਿਸ਼ਨ ਸਕੂਲ ਵਿੱਚ ਤੀਆਂ ਦੀਆਂ ਰੌਣਕਾਂ : ਪ੍ਰਿੰਸੀਪਲ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ



ਕੋਟਕਪੂਰਾ, 25 ਜੁਲਾਈ : ਸਥਾਨਕ ਗੁਰੂ ਨਾਨਕ ਦੇਵ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਤੀਆਂ ਦਾ ਤਿਉਹਾਰ ਬਹੁਤ ਹੀ ਚਾਵਾਂ ਮੁਲਾਰਾਂ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਬਾਰਵੀਂ ਜਮਾਤ ਦੀਆਂ ਵਿਦਿਆਰਥਨਾਂ ਰਮਨਪ੍ਰੀਤ ਕੌਰ ਅਤੇ ਏਕਤਾਜੀਤ ਕੌਰ ਨੇ ਕਰਦਿਆਂ ਸਾਉਣ-ਮਹੀਨੇ ਵਿੱਚ ਤੀਆਂ ਦੀ ਮਹੱਤਤਾ ਅਤੇ ਇਤਿਹਾਸ ਬਾਰੇ ਜਾਣਕਾਰੀ ਦਿੱਤੀ। ਬਾਰਵੀਂ ਜਮਾਤ ਦੀਆਂ ਵਿਦਿਆਰਥਨਾਂ ਜਸ਼ਨਦੀਪ ਕੌਰ, ਅਮਨਦੀਪ ਕੌਰ, ਜੈਸਮੀਨ ਕੌਰ, ਹਰਪ੍ਰੀਤ ਕੌਰ ਨੇ ਲੋਕ ਗੀਤ 'ਬਹੁਤਿਆਂ ਭਰਾਵਾਂ ਵਾਲੀਏ 'ਤੈਨੂੰ ਪੇਕੇ ਲੈ ਨਾ ਆਏ, ਗਾ ਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਇਸ ਤੋਂ ਬਾਅਦ ਸਾਰੀਆਂ ਕੁੜੀਆਂ ਨੇ ਪੰਜਾਬ ਦਾ ਲੋਕ ਨਾਚ ਗਿੱਧਾ ਪਾਇਆ। ਇਸ ਪ੍ਰੋਗਰਾਮ ਦੀ ਤਿਆਰੀ ਮੈਡਮ ਅਰਸ਼ਦੀਪ ਕੌਰ, ਮੈਡਮ ਕਿਰਨਦੀਪ ਕੌਰ, ਮੈਡਮ ਕੁਲਦੀਪ ਕੌਰ, ਮੈਡਮ ਲਛਮੀ ਅਤੇ ਸੁਰਿੰਦਰ ਕੌਰ ਨੇ ਕਰਵਾਈ। ਐਲ.ਕੇ. ਜੀ ਅਤੇ ਯੂ.ਕੇ.ਜੀ. ਦੇ ਨਨੇ ਮੁੰਨੇ ਬੱਚਿਆਂ ਨੇ ਕਵਿਤਾਵਾਂ ਸੁਣਾਈਆਂ। ਨੌਵੀਂ ਤੇ ਦਸਵੀਂ ਜਮਾਤ ਦੀਆਂ ਵਿਦਿਆਰਥਨਾਂ ਜੈਸਮੀਨ ਕੌਰ, ਕੋਮਲਪ੍ਰੀਤ ਕੌਰ, ਹਰਪ੍ਰੀਤ ਕੌਰ, ਅਸਨੂਰ ਕੌਰ, ਸ਼ਿਵਰੀਤ, ਰਾਜਪ੍ਰੀਤ ਕੌਰ, ਪਰਨੀਤ ਕੌਰ, ਨੇ 'ਮਾਂ ਜੰਨਤ ਦਾ ਪਰਛਾਵਾਂ' ਗੀਤ ਤੇ ਕੋਰੀਓਗ੍ਰਾਫੀ ਪੇਸ਼ ਕੀਤੀ। ਚੌਥੀ ਤੇ ਪੰਜਵੀਂ ਜਮਾਤ ਸਹਿਜ ਵੀਰ ਕੌਰ, ਤਨਵੀਰ ਕੌਰ, ਗੁਰਜੋਤ ਕੌਰ, ਵੰਸ਼ ਕੌਰ, ਸ਼ਗਨ ਕੌਰ, ਗੁਰਨੂਰ ਕੌਰ, ਸ਼ਗਨਦੀਪ ਕੌਰ ਨੇ ਲੋਕ ਗੀਤ ਪੇਸ਼ ਕੀਤੇ। ਇਸ ਤੋਂ ਬਾਅਦ ਸਾਰੀਆਂ ਕੁੜੀਆਂ ਨੂੰ ਪੰਜਾਬ ਦਾ ਲੋਕ ਨਾਚ ਗਿੱਧਾ ਪਾਇਆ। ਇਸ ਪ੍ਰੋਗਰਾਮ ਦੀ ਤਿਆਰੀ ਮੈਡਮ ਅਰਸ਼ਦੀਪ ਕੌਰ, ਮੈਡਮ ਕਿਰਨਦੀਪ ਕੌਰ, ਕੁਲਦੀਪ ਕੌਰ, ਲਛਮੀ ਅਤੇ ਸੁਰਿੰਦਰ ਕੌਰ ਨੇ ਕਰਵਾਈ। ਇਸ ਮੌਕੇ ਸਕੂਲ ਪ੍ਰਿੰਸੀਪਲ ਸ਼੍ਰੀ ਸੰਦੀਪ ਕੁਮਾਰ, ਹਰਦੀਪ ਕੌਰ, ਨਵਪ੍ਰੀਤ ਕੌਰ, ਸਵਰਨਜੀਤ ਕੌਰ, ਡੀਪੀ ਗੁਰਸੇਵਕ ਸਿੰਘ, ਗਗਨਦੀਪ ਸਿੰਘ ਅਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

## ਪ੍ਰਸਿੱਧ ਸਮਾਜ ਸੇਵੀ ਜਤਿੰਦਰ ਜੇ ਮਿਨਹਾਸ 'ਕਿੰਗ ਚਾਰਲਸ ਕੋਰੋਨੇਸ਼ਨ ਪਿਨ' ਐਵਾਰਡ ਨਾਲ ਸਨਮਾਨਿਤ

ਵਰਲਡ ਪੰਜਾਬੀ ਟਾਈਮਜ਼
ਹਰਦਮ ਮਾਨ




ਸਰੀ, 25 ਜੁਲਾਈ : ਪ੍ਰਸਿੱਧ ਸਮਾਜ ਸੇਵੀ, ਉਦਯੋਗਪਤੀ ਅਤੇ ਫ਼ਿਲਮ ਨਿਰਮਾਤਾ ਜਤਿੰਦਰ ਜੇ ਮਿਨਹਾਸ ਨੂੰ ਸਮਾਜ ਸੇਵਾ ਅਤੇ ਮਨੁੱਖਤਾ ਦੀ ਭਲਾਈ ਲਈ ਕੀਤੀਆਂ ਵਿਸ਼ੇਸ਼ ਸੇਵਾਵਾਂ ਦੇ ਮੱਦੇਨਜ਼ਰ ਕਿੰਗ ਚਾਰਲਸ ਕੋਰੋਨੇਸ਼ਨ ਪਿਨ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਹੈ। ਉਨ੍ਹਾਂ ਨੂੰ ਇਸ ਮੌਕੇ ਸਰਟੀਫਿਕੇਟ ਆਫ਼ ਰਿਕੋਗਨੀਸ਼ਨ ਵੀ ਭੇਂਟ ਕੀਤਾ ਗਿਆ। ਕਿੰਗ ਚਾਰਲਸ ਕੋਰੋਨੇਸ਼ਨ ਸਨਮਾਨ ਉਹਨਾਂ ਵਿਅਕਤੀਆਂ ਨੂੰ ਦਿੱਤਾ ਜਾਂਦਾ ਹੈ ਜਿਨ੍ਹਾਂ ਨੇ ਆਪਣੇ ਭਾਈਚਾਰੇ ਅਤੇ ਦੇਸ਼ ਲਈ ਵਿਲੱਖਣ ਅਤੇ ਮਹੱਤਵਪੂਰਨ ਯੋਗਦਾਨ ਪਾਇਆ ਹੋਵੇ। ਇਹ ਐਵਾਰਡ ਉਨ੍ਹਾਂ ਨੂੰ ਮੈਂਬਰ ਪਾਰਲੀਮੈਂਟ ਰਣਦੀਪ ਸਿੰਘ ਸਰਾਏ ਵੱਲੋਂ ਪ੍ਰਦਾਨ ਕੀਤਾ ਗਿਆ।

ਜ਼ਿਕਰਯੋਗ ਹੈ ਕਿ ਸ. ਮਿਨਹਾਸ ਪਿਛਲੇ ਕਈ ਸਾਲਾਂ ਤੋਂ ਕੈਨੇਡਾ ਅਤੇ ਭਾਰਤ ਵਿੱਚ ਸਿੱਖਿਆ, ਸਿਹਤ ਅਤੇ ਸਮਾਜਿਕ ਭਲਾਈ ਦੇ ਖੇਤਰ ਵਿੱਚ ਸਰਗਰਮ ਹਨ। ਕੈਨੇਡਾ ਵਿੱਚ ਉਹ ਪਿਕਸ ਸਰੀ ਦੇ ਪ੍ਰਧਾਨ ਰਹਿ ਚੁੱਕੇ ਹਨ ਅਤੇ ਸੀਨੀਅਰਾਂ ਲਈ ਅਸਿਸਟਡ ਲਿਵਿੰਗ ਸੁਵਿਧਾ ਦੇ ਨਿਰਮਾਣ ਵਿੱਚ ਉਨ੍ਹਾਂ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਇਸ ਤੋਂ ਇਲਾਵਾ ਉਹ ਬੀ.ਸੀ. ਕੈਂਸਰ ਫਾਊਂਡੇਸ਼ਨ ਅਤੇ ਗੁਰੂ ਨਾਨਕ ਫੂਡ ਬੈਂਕ ਨਾਲ ਵੀ ਜੁੜੇ ਰਹੇ ਹਨ। ਰੋਟਰੀ ਕਲੱਬ ਵੈਨਕੂਵਰ ਫਰੇਜ਼ਰਵਿਊ ਦੇ ਪ੍ਰਧਾਨ ਵਜੋਂ ਉਨ੍ਹਾਂ ਨੂੰ 'ਪੌਲ ਹੈਰਿਸ ਫੈਲੋਸ਼ਿਪ ਐਵਾਰਡ' ਨਾਲ ਵੀ ਸਨਮਾਨਿਤ ਕੀਤਾ ਜਾ ਚੁੱਕਾ ਹੈ।

ਭਾਰਤ ਵਿੱਚ ਵੀ ਜੇ ਮਿਨਹਾਸ ਨੇ ਕਈ ਲੋਕ-ਭਲਾਈ ਦੇ ਪ੍ਰੋਜੈਕਟਾਂ ਵਿੱਚ ਯੋਗਦਾਨ ਪਾਇਆ ਹੈ। ਆਦਮਪੁਰ ਦੇ ਅੱਖਾਂ ਦੇ ਹਸਪਤਾਲ ਲਈ ਸਹਿਯੋਗ, ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਅੰਤਰਰਾਸ਼ਟਰੀ ਸਲਾਹਕਾਰ ਵਜੋਂ ਸੇਵਾਵਾਂ, ਗੁਰੂ ਨਾਨਕ ਮਿਸ਼ਨ ਹਸਪਤਾਲ, ਮਿੱਠਾਪੁਰ ਦੇ ਵਿਕਾਸ ਵਿੱਚ ਸਹਿਯੋਗ ਅਤੇ ਆਪਣੇ ਜੱਦੀ ਪਿੰਡ ਡਮੁੰਡਾ ਵਿੱਚ ਸੀਵਰੇਜ ਪ੍ਰਣਾਲੀ, ਸਕੂਲ ਇਮਾਰਤ ਅਤੇ ਹੋਰ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਉਨ੍ਹਾਂ ਦਾ ਯੋਗਦਾਨ ਵਿਸ਼ੇਸ਼ ਤੌਰ 'ਤੇ ਵਰਨਣਯੋਗ ਹੈ।

ਸੱਭਿਆਚਾਰਕ ਖੇਤਰ ਵਿੱਚ ਵੀ ਜੇ ਮਿਨਹਾਸ ਦਾ ਮਹੱਤਵਪੂਰਨ ਯੋਗਦਾਨ ਹੈ। ਉਨ੍ਹਾਂ ਵੱਲੋਂ ਬਣਾਈਆਂ ਗਈਆਂ ਫਿਲਮਾਂ 'ਸਰਾਭਾ', 'ਸਾਕ' ਅਤੇ 'ਬੇਅਰਫੁੱਟ ਵਾਰੀਅਰਜ਼' ਰਾਹੀਂ ਸਮਾਜਿਕ ਅਤੇ ਇਤਿਹਾਸਕ ਵਿਸ਼ਿਆਂ ਨੂੰ ਉਜਾਗਰ ਕਰਨ ਲਈ ਬੇਹੱਦ ਪ੍ਰਸ਼ੰਸਾ ਮਿਲੀ ਹੈ।

## ਦਸਮੇਸ਼ ਮਾਡਰਨ ਸਕੂਲ ਭਾਣਾ ਵਿਖੇ ਅੰਤਰ ਹਾਊਸ-ਵਾਇਜ਼ ਕਵਿਜ਼ ਮੁਕਾਬਲੇ ਦਾ ਸਫਲ ਆਯੋਜਨ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ



ਕੋਟਕਪੂਰਾ, 25 ਜੁਲਾਈ : ਵਿਦਿਆਰਥੀਆਂ ਵਿੱਚ ਆਮ ਗਿਆਨ, ਤਰਕਸ਼ੀਲ ਸੋਚ ਅਤੇ ਸਿਹਤਮੰਦ ਮੁਕਾਬਲੇ ਦੀ ਭਾਵਨਾ ਨੂੰ ਪ੍ਰੋਤਸਾਹਿਤ ਕਰਨ ਦੇ ਉਦੇਸ਼ ਨਾਲ ਦਸਮੇਸ਼ ਮਾਡਰਨ ਸੀਨੀਅਰ ਸੈਕੰਡਰੀ ਸਕੂਲ, ਭਾਣਾ (ਫਰੀਦਕੋਟ) ਵਿੱਚ ਹਾਊਸ-ਵਾਇਜ਼ ਪ੍ਰਸ਼ਨੋਤਰੀ ਮੁਕਾਬਲਾ ਕਰਵਾਇਆ ਗਿਆ। ਮੁਕਾਬਲੇ ਵਿੱਚ ਸਕੂਲ ਦੇ ਪੰਜ (ਮਹਾਰਾਜਾ ਰਣਜੀਤ ਸਿੰਘ, ਭਗਤ ਪੂਰਨ ਸਿੰਘ, ਕਲਾਮ ਹਾਊਸ, ਭਾਈ ਘਨੱਈਆ ਜੀ ਅਤੇ ਮਦਰ ਟਰੇਸਾ) ਹਾਊਸਾਂ ਦੇ ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਅਤੇ ਆਤਮ-ਵਿਸ਼ਵਾਸ ਨਾਲ ਭਾਗ ਲਿਆ। ਪ੍ਰਸ਼ਨ ਆਮ ਗਿਆਨ, ਵਿਗਿਆਨ, ਗਣਿਤ, ਸਮਾਜਿਕ ਵਿਗਿਆਨ, ਅੰਗਰੇਜ਼ੀ, ਪੰਜਾਬੀ, ਸਮਕਾਲੀ ਘਟਨਾਵਾਂ ਅਤੇ ਸਕੂਲ ਨਾਲ ਸੰਬੰਧਿਤ ਸਨ। ਵਿਦਿਆਰਥੀਆਂ ਨੇ ਆਪਣੇ ਗਿਆਨ ਅਤੇ ਤੁਰਤ ਜਵਾਬ ਦੇਣ ਦੀ ਯੋਗਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਪ੍ਰਾਇਮਰੀ ਵਿਭਾਗ ਵਿੱਚ ਮਹਾਰਾਜਾ ਰਣਜੀਤ ਸਿੰਘ ਹਾਊਸ ਨੇ ਪਹਿਲਾ, ਭਗਤ ਪੂਰਨ ਸਿੰਘ ਹਾਊਸ ਨੇ ਦੂਜਾ ਅਤੇ ਕਲਾਮ ਹਾਊਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਮਿਡਲ ਵਿਭਾਗ ਵਿੱਚ ਭਾਈ ਘਨ੍ਹਈਆ ਜੀ ਹਾਊਸ ਨੇ ਪਹਿਲਾ, ਕਲਾਮ ਹਾਊਸ ਨੇ ਦੂਜਾ ਅਤੇ ਭਗਤ ਪੂਰਨ ਸਿੰਘ ਹਾਊਸ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਸੀਨੀਅਰ ਸੈਕੰਡਰੀ ਵਿਭਾਗ ਵਿੱਚ ਕਲਾਮ ਹਾਊਸ ਨੇ ਪਹਿਲਾ, ਭਾਈ ਘਨ੍ਹਈਆ ਜੀ ਹਾਊਸ ਨੇ ਦੂਜਾ ਅਤੇ ਭਗਤ ਪੂਰਨ ਸਿੰਘ ਹਾਊਸ ਨੇ ਦੂਜਾ ਸਥਾਨ ਹਾਸਲ ਕੀਤਾ। ਸਕੂਲ ਦੇ ਚੇਅਰਮੈਨ ਕਰਨਵੀਰ ਸਿੰਘ ਧਾਲੀਵਾਲ ਨੇ ਪ੍ਰਿੰਸੀਪਲ, ਸਟਾਫ, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਮੁਕਾਬਲੇ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਟੀਮ ਵਰਕ, ਲੀਡਰਸ਼ਿਪ ਅਤੇ ਮੁਕਾਬਲੇ ਦੀ ਸਿਹਤਮੰਦ ਭਾਵਨਾ ਨੂੰ ਵਿਕਸਿਤ ਕਰਦੇ ਹਨ। ਉਨ੍ਹਾਂ ਨੇ ਸਾਰੇ ਭਾਗੀਦਾਰਾਂ ਅਤੇ ਹਾਊਸ ਇੰਚਾਰਜਾਂ ਨੂੰ ਸ਼ਾਨਦਾਰ ਪ੍ਰਬੰਧ ਲਈ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਪ੍ਰੇਰਿਤ ਕੀਤਾ। ਸੰਸਥਾ ਦੇ ਸਰਪ੍ਰਸਤ ਅਜਮੇਰ ਸਿੰਘ ਧਾਲੀਵਾਲ ਵੱਲੋਂ ਵੀ ਜੇਤੂ ਟੀਮਾਂ ਨੂੰ ਆਸ਼ੀਰਵਾਦ ਦਿੱਤਾ ਗਿਆ ਅਤੇ ਸਾਰੇ ਵਿਦਿਆਰਥੀਆਂ ਦੀ ਹੌਂਸਲਾ ਅਫ਼ਜ਼ਾਈ ਕੀਤੀ ਗਈ। ਇਹ ਮੁਕਾਬਲਾ ਵਿਦਿਆਰਥੀਆਂ ਲਈ ਗਿਆਨਵਰਧਕ ਅਤੇ ਪ੍ਰੇਰਣਾਦਾਇਕ ਸਾਬਤ ਹੋਇਆ।

## ਡਾ. ਲਖਵਿੰਦਰ ਸਿੰਘ ਜੌਹਲ ਲਵਲੀ ਯੂਨੀਵਰਸਿਟੀ ਵਿਚ 'ਪ੍ਰੋਫ਼ੈਸਰ ਆਫ਼ ਪ੍ਰੈਕਟਿਸ' ਨਿਯੁਕਤ

ਵਰਲਡ ਪੰਜਾਬੀ ਟਾਈਮਜ਼



ਜਲੰਧਰ 25 ਜੁਲਾਈ : ਜਲੰਧਰ-ਉੱਘੇ ਪੰਜਾਬੀ ਕਵੀ ਅਤੇ ਆਲੋਚਕ ਡਾ.ਲਖਵਿੰਦਰ ਸਿੰਘ ਜੌਹਲ ਨੂੰ ਦੇਸ਼ ਦੀਆਂ ਪ੍ਰਮੁੱਖ ਯੂਨੀਵਰਸਿਟੀਆਂ ਵਿੱਚ ਸ਼ਾਮਿਲ "ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ" ਵਲੋਂ 'ਪ੍ਰੋਫ਼ੈਸਰ ਆਫ਼ ਪ੍ਰੈਕਟਿਸ' ਨਿਯੁਕਤ ਕੀਤਾ ਗਿਆ ਹੈ। ਉਹ ਯੂਨੀਵਸਿਟੀ ਵਿਚ ਸੈਮੀਨਾਰ ਅਤੇ ਵਰਕਸ਼ਾਪਾਂ ਦਾ ਆਯੋਜਨ ਕਰਨ ਦੇ ਨਾਲ-ਨਾਲ ਵਿਦਿਆਰਥੀਆਂ ਦੀਆਂ ਹੋਰ ਅਕਾਦਮਿਕ ਲੋੜਾਂ ਪੂਰੀਆਂ ਕਰਨ ਲਈ ਵੀ ਵਿਦਿਆਰਥੀਆਂ ਦੀ ਅਗਵਾਈ ਕਰਨਗੇ। ਇਸ ਸੰਬੰਧੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਜਸਪਾਲ ਸਿੰਘ ਸੰਧੂ ਵਲੋਂ ਜਾਰੀ ਕੀਤੇ ਗਏ ਇਕ ਪੱਤਰ ਵਿਚ ਕਿਹਾ ਗਿਆ ਹੈ ਕਿ ਡਾ. ਜੌਹਲ ਦੇ ਸਾਹਿਤਕ ਅਤੇ ਮੀਡੀਆ ਖੇਤਰ ਦੇ ਤਜਰਬਿਆਂ ਨੂੰ ਧਿਆਨ ਵਿਚ ਰੱਖਦਿਆਂ ਯੂਨੀਵਰਸਿਟੀ ਨੇ ਆਪਣੇ ਵਿਦਿਆਰਥੀਆਂ ਲਈ ਉਨ੍ਹਾਂ ਦੀਆਂ ਸੇਵਾਵਾਂ ਲੈਣ ਦਾ ਫ਼ੈਸਲਾ ਕੀਤਾ ਹੈ। ਇਥੇ ਇਹ ਵਰਣਨਯੋਗ ਹੈ ਕਿ ਡਾ. ਲਖਵਿੰਦਰ ਸਿੰਘ ਜੌਹਲ ਲੰਮੇ ਸਮੇਂ ਤੱਕ ਪ੍ਰਸਾਰ ਭਾਰਤੀ ਵਿਚ ਪ੍ਰੋਗਰਾਮ ਅਧਿਕਾਰੀ ਰਹੇ ਹਨ। ਇਸ ਦੌਰਾਨ ਉਹ ਦੂਰਦਰਸ਼ਨ ਦੇ ਵੱਖ ਵੱਖ ਕੇਂਦਰ ਉੱਤੇ ਕਾਰਜਸ਼ੀਲ ਰਹੇ ਹਨ,ਅਤੇ ਦੇਸ਼-ਵਿਦੇਸ਼ ਵਿਚ ਦੂਰਦਰਸ਼ਨ ਨਿਊਜ਼ ਲਈ ਵਿਸ਼ੇਸ਼ ਕਵਰੇਜ਼ ਲਈ ਵੀ ਜਾਂਦੇ ਰਹੇ ਹਨ। ਉਨ੍ਹਾਂ ਨੇ ਬਹੁਤ ਸਾਰੀਆਂ ਦਸਤਾਵੇਜ਼ੀ ਫ਼ਿਲਮਾਂ ਅਤੇ ਨਾਟਕ ਵੀ ਬਣਾਏ ਹਨ। ਇਸ ਤੋਂ ਇਲਾਵਾ ਉਹ ਪੰਜਾਬ ਕਲਾ ਪ੍ਰੀਸ਼ਦ ਦੇ ਸਕੱਤਰ ਅਤੇ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਵਜੋਂ ਵੀ ਸੇਵਾਵਾਂ ਨਿਭਾਉਂਦ ਹਨ।

# ਸਿਲਵਰ ਓਕਸ ਸਕੂਲ ਵਿੱਚ ਪਹਿਲੀ ਅਤੇ ਦੂਜੀ ਜਮਾਤ ਦੇ ਬੱਚਿਆਂ ਲਈ 'ਟਾਈਨੀ ਟਾਕਰਜ਼' ਮੁਕਾਬਲਾ ਕਰਵਾਇਆ

## ਜਮਾਤ ਪਹਿਲੀ ਏ ਦੇ ਵਿੱਚ ਅਵਰੀਨ ਕੌਰ ਨੇ ਪਹਿਲਾ : ਪ੍ਰਿੰਸੀਪਲ ਪ੍ਰਿਅੰਕਾ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ



ਕੋਟਕਪੂਰਾ, 25 ਜੁਲਾਈ : ਸਿਲਵਰ ਓਕਸ ਸਕੂਲ ਸੇਵੇਵਾਲਾ ਵਿੱਚ ਪਹਿਲੀ ਅਤੇ ਦੂਜੀ ਜਮਾਤ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਲਈ 'ਟਾਈਨੀ ਟਾਕਰਜ਼' ਮੁਕਾਬਲੇ ਦਾ ਸਫ਼ਲ ਆਯੋਜਨ ਕੀਤਾ ਗਿਆ। ਇਸ ਖ਼ਾਸ ਗਤੀਵਿਧੀ ਦਾ ਮੁੱਖ ਉਦੇਸ਼ ਛੋਟੇ ਬੱਚਿਆਂ ਵਿੱਚ ਭਾਸ਼ਾ ਸੁਧਾਰ, ਸੰਚਾਰ ਕਲਾ ਅਤੇ ਸਟੇਜ 'ਤੇ ਬੋਲਣ ਦੇ ਆਤਮ-ਵਿਸ਼ਵਾਸ ਨੂੰ ਵਧਾਉਣਾ ਸੀ। ਮੁਕਾਬਲੇ ਦੌਰਾਨ ਪਹਿਲੀ ਅਤੇ ਦੂਜੀ ਜਮਾਤ ਦੇ ਬੱਚਿਆਂ ਨੇ ਵੱਖ-ਵੱਖ ਰੋਚਕ ਅਤੇ ਸਿੱਖਿਆਦਾਇਕ ਵਿਸ਼ਿਆਂ 'ਤੇ ਬਹੁਤ ਹੀ ਸੁੰਦਰ, ਸਪੱਸ਼ਟ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਆਪਣੇ ਵਿਚਾਰ ਪੇਸ਼ ਕੀਤੇ। ਬੱਚਿਆਂ ਨੇ ਕਵਿਤਾ ਉਚਾਰਨ, ਕਹਾਣੀ ਸੁਣਾਉਣ ਅਤੇ ਆਪਣੇ ਮਨਪਸੰਦ ਵਿਸ਼ੇ ਮੇਰਾ ਅਧਿਆਪਕ, ਮੇਰਾ ਸਕੂਲ, ਮੇਰਾ ਪਰਿਵਾਰ, ਮੇਰਾ ਮਨਪਸੰਦ ਜਾਨਵਰ ਆਦਿ 'ਤੇ ਬਿਨਾਂ ਕਿਸੇ ਝਿਜਕ ਤੋਂ ਸ਼ਾਨਦਾਰ ਹਾਵ-ਭਾਵ ਨਾਲ ਬੋਲ ਕੇ ਪੇਸ਼ ਕੀਤੇ। ਇਸ ਮੁਕਾਬਲੇ ਦਾ ਉਦੇਸ਼ ਵਿਦਿਆਰਥੀਆਂ ਦੇ ਅੰਗਰੇਜ਼ੀ ਬੋਲਣ ਦੇ ਹੁਨਰ, ਆਤਮ-ਵਿਸ਼ਵਾਸ, ਸਟੇਜ ਪ੍ਰਬੰਧਨ ਅਤੇ ਸੰਚਾਰ ਹੁਨਰ ਨੂੰ ਵਿਕਸਤ ਕਰਨਾ ਸੀ। ਸਾਰੇ ਭਾਗੀਦਾਰਾਂ ਨੇ ਆਪਣੀਆਂ ਪੇਸ਼ਕਾਰੀਆਂ ਨਾਲ ਮੌਜੂਦ ਸਾਰਿਆਂ ਨੂੰ ਮੋਹਿਤ ਕਰ ਦਿੱਤਾ, ਜਿਸ ਦੇ ਨਾਲ ਸਪੱਸ਼ਟ ਉਚਾਰਨ, ਪ੍ਰਭਾਵਸ਼ਾਲੀ ਪ੍ਰਗਟਾਵਾ ਅਤੇ ਵਿਸ਼ਵਾਸ ਸੀ। ਇਸ ਮੁਕਾਬਲੇ ਵਿੱਚ ਜਮਾਤ ਪਹਿਲੀ ਏ ਦੇ ਵਿੱਚ ਅਵਰੀਨ ਕੌਰ ਨੇ ਪਹਿਲਾ, ਐਸ਼ਮੀਤ ਕੌਰ ਨੇ ਦੂਜਾ ਅਤੇ ਦਾਇਸ਼ਾ ਗਰਗ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਜਮਾਤ ਪਹਿਲੀ ਬੀ ਵਿੱਚ ਆਰਾਧਿਆ ਸ਼ਰਮਾ ਨੇ ਪਹਿਲਾ, ਕੁਨਿੰਦ ਸਿੰਘ ਨੇ ਦੂਜਾ ਅਤੇ ਲਕਸ਼ੈ ਜਿੰਦਲ ਅਤੇ ਸਮਾਇਰਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਜਮਾਤ ਦੂਜੀ ਏ ਵਿੱਚ ਯਕਸ਼ਿਤ ਨੇ ਪਹਿਲਾ, ਜਸਗੁਣ ਸਿੰਘ ਮੱਕੜ ਨੇ ਦੂਜਾ ਅਤੇ ਗੁਰਸੀਰਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਜਮਾਤ ਦੂਜੀ ਬੀ ਵਿੱਚ, ਸਮਰਵੀਰ ਸਿੰਘ ਬਰਾੜ ਨੇ ਪਹਿਲਾ, ਅਨੁਰੀਤ ਕੌਰ ਨੇ ਦੂਜਾ ਅਤੇ ਹਰਕੀਰਤ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸਕੂਲ ਪ੍ਰਿੰਸੀਪਲ ਸ਼੍ਰੀਮਤੀ ਪ੍ਰਿਅੰਕਾ ਮਹਿਤਾ ਨੇ ਸਾਰੇ ਭਾਗੀਦਾਰਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਬੱਚਿਆਂ ਦੀ ਸ਼ਖਸੀਅਤ, ਆਤਮ-ਵਿਸ਼ਵਾਸ ਅਤੇ ਭਾਸ਼ਾ ਦੇ ਹੁਨਰ ਨੂੰ ਵਿਕਸਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਆਪਣੇ ਸੰਦੇਸ਼ ਵਿੱਚ ਉਨ੍ਹਾਂ ਨੇ ਕਿਹਾ ਕਿ ਮੁੱਢਲੀ ਸਿੱਖਿਆ ਦੌਰਾਨ ਬੱਚਿਆਂ ਵਿੱਚ ਬੋਲਣ ਦੀ ਕਲਾ ਅਤੇ ਆਤਮ-ਵਿਸ਼ਵਾਸ ਪੈਦਾ ਕਰਨਾ ਬਹੁਤ ਜ਼ਰੂਰੀ ਹੈ। 'ਟਾਈਨੀ ਟਾਕਰਜ਼' ਵਰਗੇ ਪ੍ਰੋਗਰਾਮ ਛੋਟੀ ਉਮਰ ਤੋਂ ਹੀ ਬੱਚਿਆਂ ਦੀ ਮੰਚ 'ਤੇ ਬੋਲਣ ਦੀ ਝਿਜਕ ਦੂਰ ਕਰਦੇ ਹਨ ਅਤੇ ਉਨ੍ਹਾਂ ਦੇ ਸਰਬਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

# ਐਲ.ਬੀ.ਸੀ.ਟੀ. ਵੱਲੋਂ ਰੁੱਖ ਲਗਾਓ ਮੁਹਿੰਮ ਲਗਾਤਾਰ ਜਾਰੀ : ਪ੍ਰਧਾਨ ਭੋਲਾ

## — ਪਾਰਕ ਐਵਨਿਊ 'ਚ ਲਾਏ ਪੌਦੇ —

ਵਰਲਡ ਪੰਜਾਬੀ ਟਾਈਮਜ਼
ਸ਼ਿਵਨਾਥ



ਫ਼ਰੀਦਕੋਟ 25 ਜੁਲਾਈ : ਐਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਦੀ ਜਿਲ੍ਹਾ ਇਕਾਈ ਵੱਲੋਂ ਰੁੱਖ ਲਗਾਓ ਦੀ ਮੁਹਿੰਮ ਸਫ਼ਲਤਾ ਪੂਰਵਕ ਅੱਗੇ ਵਧ ਰਹੀ ਹੈ। ਇਸੇ ਲੜੀ ਅਧੀਨ ਅੱਜ ਸ਼ਹਿਰ ਦੀ ਕੋਟਕਪੂਰਾ-ਤਲਵੰਡੀ ਬਾਈਪਾਸ ਰੋਡ ਸਥਿਤ ਪਾਰਕ ਐਵਨਿਊ ਕਲੋਨੀ ਵਿੱਚ ਟਰੱਸਟ ਦੀ ਉੱਚ ਪੱਧਰੀ ਟੀਮ ਵੱਲੋਂ ਪੌਦੇ ਲਗਾਉਣ ਦੀ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਇਸ ਉੱਚ ਪੱਧਰੀ ਟੀਮ ਵਿੱਚ ਟਰੱਸਟ ਸੰਸਥਾਪਕ ਜਗਦੀਸ਼ ਰਾਏ ਢੋਸੀਵਾਲ, ਚੇਅਰਮੈਨ ਡਾ. ਹਰਪਾਲ ਸਿੰਘ, ਜਿਲ੍ਹਾ ਪ੍ਰਧਾਨ ਦਿਲ ਪ੍ਰੇਮ ਸਿੰਘ ਭੋਲਾ ਗਰੇਵਾਲ, ਸੀਨੀਅਰ ਮੀਤ ਪ੍ਰਧਾਨ ਇੰਸ. ਰਮੇਸ਼ ਕੁਮਾਰ ਬਾਰੋਲੀਆ, ਜਨਰਲ ਸਕੱਤਰ ਪ੍ਰੋ. ਮਲਕੀਤ ਸਿੰਘ ਮੰਮਨ, ਪ੍ਰੈਸ ਸਕੱਤਰ ਸ਼ਿਵ ਨਾਥ ਦਰਦੀ ਤੇ ਉਪ ਪ੍ਰਧਾਨ ਨਿਰਮਲ ਸਿੰਘ ਸੰਧੂ ਸ਼ਾਮਲ ਸਨ। ਇਸ ਤੋਂ ਇਲਾਵਾ ਪਾਰਕ ਐਵਨਿਊ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਜਗਤਾਰ ਸਿੰਘ ਢਿੱਲੋਂ ਅਤੇ ਕਈ ਸਮਾਜ ਸੇਵੀ ਸੰਸਥਾਵਾਂ ਨਾਲ ਜੁੜੇ ਪ੍ਰਿੰ. ਸੁਰੇਸ਼ ਅਰੋੜਾ ਨੇ ਵੀ ਇਸ ਮੌਕੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਪੌਦੇ ਲਾਉਣ ਦੀ ਰਸਮ ਉਪਰੰਤ ਕਲੋਨੀ ਪ੍ਰਧਾਨ ਸ੍ਰ. ਢਿੱਲੋਂ ਨੇ ਟਰੱਸਟ ਦੇ ਸਮੂਹ ਆਗੂਆਂ ਦਾ ਧੰਨਵਾਦ ਕਰਦੇ ਹੋਏ ਸਮੁੱਟੇ ਟਰੱਸਟ ਨੂੰ ਵਧਾਈ ਦਿੱਤੀ। ਉਨ੍ਹਾਂ ਅੱਗੇ ਕਿਹਾ ਕਿ ਅਜੋਕੇ ਸਮੇਂ ਵਿੱਚ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣ ਲਈ ਸਭ ਤੋਂ ਵੱਡੀ ਲੋੜ ਹੈ। ਪ੍ਰਦੂਸ਼ਣ ਨੂੰ ਰੋਕਣ ਵਿੱਚ ਰੁਖ ਬੇਹੱਦ ਮਹੱਤਵਪੂਰਨ ਯੋਗਦਾਨ ਪਾਉਂਦੇ ਹਨ। ਪਾਰਕ ਐਵਨਿਊ ਨਿਵਾਸੀ ਅਤੇ ਵਾਤਾਵਰਣ ਪ੍ਰੇਮੀ ਵਜੋਂ ਜਾਣੇ ਜਾਂਦੇ ਟਰੱਸਟ ਦੇ ਜਿਲ੍ਹਾ ਸੀਨੀਅਰ ਮੀਤ ਪ੍ਰਧਾਨ ਇੰਸ ਰਮੇਸ਼ ਕੁਮਾਰ ਬਾਰੋਲੀਆ ਨੇ ਕਿਹਾ ਕਿ ਸਮੁੱਚੀ ਕਲੋਨੀ ਨਿਵਾਸੀਆਂ ਵਿੱਚ ਹਰਿਆਲੀ ਪ੍ਰਤੀ ਅਥਾਹ ਪਿਆਰ ਹੈ ਤੇ ਅੱਜ ਲਗਾਏ ਗਏ ਸਾਰੇ ਪੌਦਿਆਂ ਦੀ ਸਹੀ ਸੇਵਾ ਸੰਭਾਲ ਕੀਤੀ ਜਾਵੇਗੀ। ਇਸ ਮੌਕੇ ਜਿਲ੍ਹਾ ਪ੍ਰਧਾਨ ਡੀ.ਪੀ.ਐੱਸ. ਭੋਲਾ ਗਰੇਵਾਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਟਰੱਸਟ ਵੱਲੋਂ ਅਗਲੇ ਦਿਨਾਂ ਵਿੱਚ ਜਿਲ੍ਹੇ ਦੇ ਹੋਰ ਕਈ ਸਰਕਾਰੀ ਸਕੂਲਾਂ ਅਤੇ ਸੁਰੱਖਿਅਤ ਸਥਾਨਾਂ 'ਤੇ ਹੋਰ ਪੌਦੇ ਲਗਾਏ ਜਾਣਗੇ। ਇਸ ਮੌਕੇ ਟਰੱਸਟ ਸੰਸਥਾਪਕ ਸ੍ਰੀ ਢੋਸੀਵਾਲ ਨੇ ਫਰੀਦਕੋਟ ਇਕਾਈ ਵੱਲੋਂ ਚਲਾਈ ਜਾ ਰਹੀ ਰੁੱਖ ਲਗਾਓ ਮੁਹਿੰਮ ਲਈ ਸਮੁੱਚੀ ਟੀਮ ਨੂੰ ਵਧਾਈ ਦਿੱਤੀ ਹੈ। ਢੋਸੀਵਾਲ ਨੇ ਰੁੱਖ ਲਗਾਓ ਮੁਹਿੰਮ ਲਈ ਜਿਲ੍ਹਾ ਵਣ ਵਿਭਾਗ ਅਤੇ ਖਾਸ ਕਰਕੇ ਵਣ ਰੇਜ਼ ਅਫਸਰ ਚਮਕੌਰ ਸਿੰਘ ਸੰਧੂ ਦਾ ਧੰਨਵਾਦ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਜਲਦੀ ਹੀ ਫਾਰੈਸਟ ਵਿਭਾਗ ਦੇ ਸਬੰਧਤ ਅਧਿਕਾਰੀਆਂ ਨੂੰ ਮਿਲ ਕੇ ਉਨ੍ਹਾਂ ਦਾ ਧੰਨਵਾਦ ਕੀਤਾ ਜਾਵੇਗਾ। ਟਰੱਸਟ ਦੀ ਚੀਫ਼ ਪੈਟਰਨ ਮੈਡਮ ਹੀਰਾਵਤੀ ਸੇਵਾ ਮੁਕਤ ਨਾਇਬ ਤਹਿਸੀਲਦਾਰ ਜੋ ਕਿਸੇ ਜ਼ਰੂਰੀ ਰੁਝੇਵੇਂ ਕਾਰਨ ਅੱਜ ਰੁੱਖ ਲਗਾਓ ਮੁਹਿੰਮ ਵਿੱਚ ਸ਼ਾਮਲ ਨਹੀਂ ਹੋ ਸਕੇ, ਨੇ ਵੀ ਟੈਲੀਫੋਨ ਰਾਹੀਂ ਜਿਲ੍ਹਾ ਪ੍ਰਧਾਨ ਸ੍ਰੀ ਭੋਲਾ ਨੂੰ ਰੁੱਖ ਲਗਾਓ ਮੁਹਿੰਮ ਦੀ ਲਗਾਤਾਰਤਾ ਅਤੇ ਸਫ਼ਲਤਾ ਲਈ ਵਧਾਈ ਦਿੱਤੀ ਹੈ।

# ਦਾ ਆਕਸਫੋਰਡ ਦੇ ਵਿਦਿਆਰਥੀਆਂ ਨੇ ਸਕੂਲ 'ਚ ਹੀ ਮਨਾਈ ਪਿਕਨਿਕ ਅਤੇ ਮਾਣਿਆ ਵਾਟਰ ਪਾਰਕ ਦਾ ਆਨੰਦ'

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ




ਕੋਟਕਪੂਰਾ, 25 ਜੁਲਾਈ : 'ਦ ਆਕਸਫੋਰਡ ਸਕੂਲ ਆਫ ਐਜੂਕੇਸ਼ਨ ਇੱਕ ਅਜਿਹੀ ਮਾਣਮੱਤੀ ਸੰਸਥਾ ਹੈ, ਜੋ ਬੱਚਿਆਂ ਦੀ ਬਹੁਪੱਖੀ ਅਗਵਾਈ ਕਰਨ ਲਈ ਹਰ ਭਰਪੂਰ ਯਤਨ ਕਰਦੀ ਹੈ ਤਾਂ ਜੋ ਵਿਦਿਆਰਥੀਆਂ ਦਾ ਸਰਬਪੱਖੀ ਵਿਕਾਸ ਹੋ ਸਕੇ। ਬੀਤੇ ਦਿਨੀਂ ਸਕੂਲ ਵਿੱਚ ਪ੍ਰੀ- ਨਰਸਰੀਂ ਤੋਂ ਪੰਜਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ 'ਦੋ–ਰੋਜ਼ਾ ਪਿਕਨਿਕ' ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਵਾਟਰ ਪਾਰਕ ਅਤੇ ਝੂਲੇ ਸ਼ਾਮਿਲ ਕੀਤੇ ਗਏ। ਵਾਟਰ ਪਾਰਕ ਵਿੱਚ ਵੱਖ-ਵੱਖ ਤਰ੍ਹਾਂ ਦੀਆਂ ਵਾਟਰ ਸਲਾਈਡਜ਼ ਸ਼ਾਮਿਲ ਸਨ, ਜੋ ਬੱਚਿਆਂ ਦਾ ਮਨ ਮੋਹ ਰਹੀਆਂ ਸਨ। ਇਸ ਤੋਂ ਬਿਨ੍ਹਾਂ ਬੱਚਿਆਂ ਲਈ ਰੋਪ-ਕਲਾਇੰਬ, ਕਈ ਤਰ੍ਹਾਂ ਦੇ ਝੂਲੇ, ਨਿਸ਼ਾਨਾ ਲਾਉਣ ਵਾਲੀ ਗੇਮ, ਆਦਿ ਗੇਮਾਂ ਵੀ ਸਨ, ਜਿਨ੍ਹਾਂ ਦਾ ਬੱਚਿਆਂ ਨੇ ਭਰਪੂਰ ਲੁਤਫ ਉਠਾਇਆ। ਇਸ ਪਿਕਨਿਕ ਦਾ ਆਨੰਦ ਮਾਣਦੇ ਅਤੇ ਡਾਂਸ ਕਰਦੇ ਬੱਚੇ ਬੇਹੱਦ ਖੁਸ਼ ਨਜਰ ਆ ਰਹੇ ਸਨ। ਇਹਨਾਂ ਹੀ ਨਹੀਂ ਵਿਦਿਆਰਥੀਆਂ ਨੂੰ ਸਕੂਲ ਵੱਲੋਂ ਸਪੈਸ਼ਲ ਰਿਫਰੈੱਸ਼ਮੈਂਟ ਵੀ ਦਿੱਤੀ ਗਈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ ਕਿਹਾ ਕਿ ਇਸ ਸੰਸਥਾ ਵੱਲੋਂ ਹਮੇਸ਼ਾ ਅਜਿਹੀਆਂ ਕੋਸ਼ਿਸ਼ਾਂ ਕੀਤੀਆਂ ਜਾਦੀਆਂ ਹਨ, ਜਿਨ੍ਹਾਂ ਦਾ ਵਿਦਿਆਰਥੀਆਂ ਨੂੰ ਬੌਧਿਕ ਲਾਭ ਹੋਵੇ। ਅਜਿਹੀਆਂ ਆਨੰਦਦਾਇਕ ਗਤੀਵਿਧੀਆਂ ਜਿੱਥੇ ਵਿਦਿਆਰਥੀਆਂ ਨੂੰ ਆਤਮਿਕ ਖੁਸ਼ੀ ਬਖਸ਼ਦੀਆਂ ਹਨ, ਉੱਥੇ ਇਹ ਵਿਦਿਆਰਥੀਆਂ ਦੀ ਪੜ੍ਹਾਈ ਵਿੱਚ ਰੁਚੀ ਵੀ ਪੈਦਾ ਕਰਦੀਆਂ ਹਨ। ਸਕੂਲ ਦੇ ਅਧਿਆਪਕਾਂ ਨੇ ਸਕੂਲ ਦੀ ਪ੍ਰਬੰਧਕ ਕਮੇਟੀ ਅਤੇ ਪ੍ਰਿੰਸੀਪਲ ਜੀ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹਨਾਂ ਵੱਲੋਂ ਕੀਤੇ ਜਾਂਦੇ ਯਤਨ ਸਾਡੇ ਲਈ ਬੇਹੱਦ ਲਾਹੇਵੰਦ ਹੁੰਦੇ ਹਨ। ਜਿੱਥੇ ਇਹਨਾਂ ਯਤਨਾਂ ਕਾਰਨ ਬੱਚੇ ਆਨੰਦ ਮਾਣਦੇ ਹਨ, ਉੱਥੇ ਉਹ ਆਪਣੇ ਆਪ ਨੂੰ ਬੌਧਿਕ ਤੌਰ 'ਤੇ ਤਰਾਸ਼ਦੇ ਵੀ ਹਨ। ਇਸ ਸਮੇਂ ਸਕੂਲ ਦੇ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਭਗਤਾ ਭਾਈ ਕਾ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ ਸ਼ੈਰੀ (ਵਾਈਸ ਚੇਅਰਮੈਨ) ਅਤੇ ਰਮਨਦੀਪ ਸਿੰਘ ਅਤੇ ਸਾਰੇ ਕੋਆਰਡੀਨੇਟਰਜ਼ ਵੀ ਮੌਜੂਦ ਸਨ।

# ਰੰਗ ਹੀ ਤਾਂ ਬੋਲਦੇ ਨੇ



ਵਰਲਡ ਪੰਜਾਬੀ ਟਾਈਮਜ਼
ਗੁਰਭਜਨ ਗਿੱਲ

ਰੰਗ ਹੀ ਤਾਂ ਬੋਲਦੇ ਨੇ।
ਹੋਵੇ ਜੇ ਉਦਾਸ ਬੈਠੇ ਦੁੱਖ ਸੁਖ ਫ਼ੋਲਦੇ ਨੇ।

ਖੁਸ਼ੀ ਦੇ ਫੁਹਾਰਿਆਂ 'ਚ ਰਸ ਮਿੱਠਾ ਘੋਲਦੇ ਨੇ।
ਸੁਣੋ! ਰੰਗ ਬੋਲਦੇ ਨੇ।

ਦਾਦੀ ਦੀਆਂ ਬਾਤਾਂ ਅਤੇ ਸੁਣੀਆਂ ਕਹਾਣੀਆਂ 'ਚ।
ਉੱਡਦੀ ਏ ਜਲਪਰੀ ਸੁਪਨੇ ਦੇ ਪਾਣੀਆਂ 'ਚ।

ਜਿਸ ਰੰਗੇ ਲੀੜੇ ਪਾ ਕੇ ਅੱਖਾਂ ਅੱਗੇ ਆਉਂਦੀ ਏ।
ਉਹੋ ਜਹੇ ਮਨ 'ਚ ਖ਼ਿਆਲਾਂ ਨੂੰ ਜਗਾਉਂਦੀ ਏ।

ਰੰਗਾਂ ਨੂੰ ਲਿਬਾਸ ਵਾਲੀ ਹੁੰਦੀ ਭਾਵੇਂ ਲੋੜ ਨਾ।
ਪਰ ਸਦਾ ਰੰਗਾਂ ਨੂੰ ਨੰਗੇਜ਼ ਵਲੋਂ ਮੋੜਨਾ।
ਜੀਹਦੇ ਹੱਥ ਕੂਚੀ ਉਹਦਾ ਰੰਗ ਹੀ ਧਰਮ ਹੈ।

ਰੰਗਾਂ ਦੀ ਵੀ ਅੱਖ 'ਚ ਬਾਰੀਕ ਜਹੀ ਸ਼ਰਮ ਹੈ।
ਏਸ ਨੂੰ ਪਛਾਨਣਾ ਤੇ ਜਾਨਣਾ ਜ਼ਰੂਰੀ ਹੈ।
ਵਧ ਜਾਣੀ ਨਹੀਂ ਤਾਂ ਹੋਰ ਰੰਗਾਂ ਕੋਲੋਂ ਦੂਰੀ ਹੈ।

ਕੁਝ ਰੰਗ ਨਿਰੀ ਹੀ ਬੇਸ਼ਰਮੀ ਨੇ ਘੋਲਦੇ।
ਜਦੋਂ ਵੀ ਬੁਲਾਉ ਅੱਗੋਂ ਅਵਾ ਤਵਾ ਬੋਲਦੇ।

ਧਰਤੀ 'ਚ ਜੰਮੇ ਜਾਏ ਰੁੱਖ ਜਦੋਂ ਬੋਲਦੇ।
ਬਕ ਬਕੀ ਜ਼ਿੰਦਗੀ 'ਚ ਰੰਗ ਜਾਣ ਘੋਲਦੇ।

ਆਪਣੀ ਪਿਆਸ ਵਾਲੇ ਰੰਗ ਵਿਚ ਰੰਗ ਕੇ।
ਰੰਗਾਂ ਨੂੰ ਮਨੁੱਖ ਰੱਖੇ ਸੂਲੀ ਉੱਤੇ ਟੰਗ ਕੇ।

ਪਾਣੀ ਨੂੰ ਵੀ ਆਦਮੀ ਹੀ ਰੰਗਾਂ 'ਚ ਵਟਾਉਂਦਾ ਹੈ।
ਜਿਹੋ ਜਿਹੀ ਪਿਆਸ ਹੋਵੇ ਉਹੋ ਜਿਹੀ ਬਣਾਉਂਦਾ ਹੈ।

ਨੱਥ ਪਾਈਏ ਇਹੋ ਜਹੇ ਅਵਾਰਾ ਹੋਏ ਟੋਲੇ ਨੂੰ।
ਬਹੁਤਾ ਹੀ ਖਿਲਾਰੀ ਜਾਂਦੇ ਰੰਗ ਬੜਬੋਲੇ ਨੂੰ।

ਲਿੱਬੜੀ ਦੀਵਾਰ ਵੇਖੋ ਰੰਗ ਪਾਉਂਦਾ ਸ਼ੋਰ ਹੈ।
ਰੰਗ ਦਾ ਸਲੀਕਾ ਤਾਂ ਰਕਾਨ ਵਾਲੀ ਤੋਰ ਹੈ।

ਵੇਖੋ ਵਣਜਾਰੇ ਚਾਲਾਂ ਨਵੀਆਂ ਚਲਾ ਰਹੇ।
ਆਖਦੇ ਸੁਮੇਲ ਰੰਗ ਰੰਗਾਂ 'ਚ ਮਿਲਾ ਰਹੇ।
ਨਵੇਂ ਨਵੇਂ ਨਾਮ ਲੈ ਕੇ ਮੰਡੀ ਵਿਚ ਆ ਰਹੇ।
ਰੀਝਾਂ ਦੇ ਬਹਾਨੇ ਸਾਡੀ ਜੇਬ ਹੱਥ ਪਾ ਰਹੇ।

ਮਨਾਂ ਵਿਚੋਂ ਕੱਢ ਦਿਓ ਡਾਢਿਆਂ ਦੇ ਰੋਅਬ ਨੂੰ।
ਇਕੋ ਰੰਗ ਰੰਗਣਾ ਜੋ ਚਾਹੁੰਦੇ ਨੇ ਗਲੋਬ ਨੂੰ।

ਵੇਚ ਕੇ ਬਾਜ਼ਾਰੀ ਧਾਗੇ ਕਰਨਗੇ ਖੱਟੀਆਂ।
ਕਿਤੇ ਮੇਰੀ ਭੈਣ ਘਰੇ ਰੰਗ ਲਏ ਨਾ ਅੱਟੀਆਂ।

ਇਕੋ ਡੋਬੇ ਵਿਚ ਚਾਹੁੰਦੇ ਚਾਅ ਸਾਡੇ ਰੰਗਣਾ।
ਚੂੜੀਆਂ ਬਲੌਰੀ ਹੋਕਾ ਪਿੰਡ 'ਚੋਂ ਨਹੀਂ ਲੰਘਣਾ।

ਕੱਪੜੇ ਮਸ਼ੀਨੀ ਉੱਤੇ ਫੁੱਲ ਵੀ ਮਸ਼ੀਨ ਦੇ।
ਸੁਣੂ ਤੇ ਸੁਣਾਊ ਕੌਣ ਦੁੱਖੜੇ ਜ਼ਮੀਨ ਦੇ।

ਰੰਗਾਂ ਨੂੰ ਸੰਭਾਲਣਾ ਵੀ ਸਾਡੀ ਜ਼ਿੰਮੇਵਾਰੀ ਏ।
ਇਨ੍ਹਾਂ ਹੀ ਬਚਾਉਣੀ ਸਾਡੇ ਖੰਭਾਂ ਦੀ ਉਡਾਰੀ ਏ।

ਰੰਗਾਂ ਦਿਓ ਵਾਰਸੋ ਤੇ ਧਰਤੀ ਦੇ ਪੁੱਤਰੋ।
ਸਮੇਂ ਦੀ ਵੰਗਾਰ ਨੂੰ ਪਛਾਣੋ ਹੇਠਾਂ ਉੱਤਰੋ।
ਤੇਜ਼ ਵਣਜਾਰਾ ਕਿਤੇ ਸਾਨੂੰ ਚਾਰ ਜਾਵੇ ਨਾ।
ਵੇਖਿਓ ਮਸ਼ੀਨ ਕੋਲੋਂ ਹੱਥ ਹਾਰ ਜਾਵੇ ਨਾ।

ਪੈਸੇ ਦੀਆਂ ਪੀਰ ਨੇ, ਹਕੂਮਤਾਂ ਨਿਲੱਜੀਆਂ।
ਖਾ ਖਾ ਮੁਰਦਾਰ ਅਜੇ ਨੀਤਾਂ ਨਹੀਂਓਂ ਰੱਜੀਆਂ।

ਹੱਡਾ ਰੋੜੀ ਵਿਚੋਂ ਆਈਆਂ ਇੱਲਾਂ ਭਾਵੇਂ ਰੱਜ ਕੇ।
ਇਨ੍ਹਾਂ ਕੋਲੋਂ ਜ਼ਿੰਦਗੀ ਬਚਾਉ ਗੱਜ ਵੱਜ ਕੇ।

ਰੰਗਾਂ ਦੇ ਬਹਾਨੇ ਇਹ ਤਾਂ ਧੜੇ ਕਦੀ ਬਣਾਉਂਦਾ ਹੈ।
ਫੇਰ ਉਨ੍ਹਾਂ ਰੰਗਾਂ ਨੂੰ ਵੀ ਆਪਸੀ ਲੜਾਉਂਦਾ ਹੈ।

ਰਖਵਾਲੀ ਰੰਗਾਂ ਦੀ ਬਹਾਨਾ ਬਣੇ ਜੰਗ ਦਾ।
ਵੱਸਦੇ ਘਰਾਂ ਦੀ ਜਾਨ ਨੇਜ਼ੇ ਉੱਤੇ ਟੰਗਦਾ।

ਸਾਰੇ ਹਥਿਆਰਾਂ ਮੂੰਹੋਂ ਇੱਕੋ ਜੇਹੀ ਅੱਗ ਹੈ।
ਲਾਟਾਂ ਵਾਲਾ ਰੰਗ ਇੱਕੋ ਕੌਣ ਕਹੇ ਅਲੱਗ ਹੈ?
ਜੰਗ ਪਿਛੋਂ ਸੂਹਾ ਖ਼ੂਨ ਇਕੋ ਤਰ੍ਹਾਂ ਵਹਿੰਦਾ ਏ।

ਸੁਣੋ ਜਾਂ ਨਾ ਸੁਣੋ ਸਦਾ ਇੱਕੋ ਗੱਲ ਕਹਿੰਦਾ ਏ।
ਆਪਣੀ ਲੜਾਈ ਕਾਹਨੂੰ ਬਹਿ ਕੇ ਨਹੀਂ ਨਿਬੇੜਦੇ।
ਰਾਜਨੀਤੀ ਵਾਸਤੇ ਕਿਉਂ ਰੰਗਾਂ ਨੂੰ ਲਬੇੜਦੇ।

ਅੱਗ ਤੇ ਅਨਾਰ ਵਿਚ ਕੋਹਾਂ ਲੰਮੀ ਦੂਰੀ ਹੈ।
ਸੁੱਚਮ ਜਿਉਂਦਾ ਰਹੇ ਰੰਗਾਂ ਲਈ ਜ਼ਰੂਰੀ ਹੈ।

ਰੰਗਾਂ 'ਚੋਂ ਪਛਾਣੋ ਕਿਸੇ ਏਹੋ ਜਹੇ ਰੰਗ ਨੂੰ।
ਤਿੜਕੇ ਨਾ ਚੂੜਾ ਪਵੇ ਖ਼ਤਰਾ ਨਾ ਵੰਗ ਨੂੰ।

ਉੱਡਦੇ ਦੁਪੱਟੇ ਸੂਹੇ ਲਹਿਰੀਏ ਤੇ ਡੋਰੀਏ।
ਹਵਾ 'ਚ ਗੜੂੰਦ ਵੇਖੋ ਸਰ੍ਹੋਂ ਫੁੱਲ ਤੋਰੀਏ।

ਇਕ ਦੂਜੇ ਨਾਲ ਖਹਿ ਕੇ ਫੇਰ ਵੀ ਮੁਲਾਇਮ ਨੇ।
ਮੋਰ ਦਿਆਂ ਖੰਭਾਂ ਵਿਚ ਸੱਤੇ ਰੰਗ ਕਾਇਮ ਨੇ।

ਘੁੱਗੀਆਂ ਸਲੇਟੀ ਗਲ ਗੋਲ ਗੋਲ ਗਾਨੀਆਂ।
ਲੱਗਦੈ ਪ੍ਰੇਮੀਆਂ ਨੇ ਦਿੱਤੀਆਂ ਨਿਸ਼ਾਨੀਆਂ।

ਜੀਣ ਰੰਗ, ਰਾਗ ਤੇ ਸੁਹਾਗ ਫੁਲਕਾਰੀਆਂ।
ਰੰਗਾਂ ਦਿਓ ਪਾਹਰੂਓ ਸੰਭਾਲੋ ਜ਼ਿੰਮੇਵਾਰੀਆਂ।

ਟੁੱਕਦੇ ਨੇ ਫ਼ਲ ਤੋਤੇ ਚੁੰਝਾਂ ਲਾਲ ਲਾਲ ਨੇ।
ਧਰਤੀ ਦੇ ਲੋਕਾਂ ਲਈ ਇਹ ਬਲਦੇ ਸੁਆਲ ਨੇ।
ਚਲੋ! ਤੁਰੋ ਆਓ! ਲਾਈਏ ਅੰਬਰੀਂ ਉਡਾਰੀਆਂ।
ਧਰਤੀ ਆਕਾਸ਼ ਨੂੰ ਨਾ ਹੁੰਦੇ ਬੂਹੇ ਬਾਰੀਆਂ।

ਬੀਜ ਦਿਉ ਕਿਆਰੀਆਂ 'ਚ ਰੀਝ ਤੇ ਉਮੰਗ ਨੂੰ।
ਜੜ੍ਹਾਂ ਤੋਂ ਉਖਾੜ ਦਿਉ, ਹਾਉਕੇ ਬਦਰੰਗ ਨੂੰ।
ਕਰੋ ਅਰਦਾਸ ਰੰਗ ਕਦੇ ਨਾ ਉਦਾਸ ਹੋਵੇ।
ਰੰਗਾਂ ਤੇ ਸੁਗੰਧਾਂ 'ਚ ਪਰੁੱਚਿਆ ਸਵਾਸ ਹੋਵੇ।

ਸਮਾਂ ਤੇ ਸਥਾਨ ਵੇਖ ਬੰਦਾ ਨਹੀਉਂ ਬੋਲਦਾ।
ਦਿਲ ਵਿਚ ਘੁੰਡੀ ਰੱਖੇ ਗੰਢ ਨਹੀਉਂ ਖੋਲ੍ਹਦਾ।
ਏਹੋ ਜੇਹੀ ਚੁੱਪ ਵੇਲੇ ਰੰਗ ਹੀ ਤਾਂ ਬੋਲਦੇ ਨੇ।
ਚਿਹਰੇ ਵਾਲੇ ਰੰਗ ਸਭ ਗੁੰਝਲਾਂ ਨੂੰ ਖੋਲ੍ਹਦੇ ਨੇ,
ਸੁਣੋ! ਰੰਗ ਬੋਲਦੇ ਨੇ।